# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :12-02-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ ਅਬੋਹਰ ਵਿੱਚ ਨਸ਼ਾ ਵਿਰੋਧੀ ਪੈਦਲ ਮਾਰਚ- ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਲੜਾਈ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ ਦਾ ਅਹਿਦ ਦਿਵਾਇਆ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦਾ ਲੋਗੋ ਜਾਰੀ -ਸਮੁੱਚੇ ਵਿਕਾਸ ਲਈ ਸੁਧਾਰਾਂ 'ਤੇ ਕੀਤਾ ਜਾਵੇਗਾ ਧਿਆਨ ਕੇਂਦਰਤ।

- ਚੌਥੇ ਪਟਿਆਲਾ ਮਿਲਟਰੀ ਲਿਟਰੇਚਰ ਫੈਸਟੀਵਲ 'ਚ ਜੰਗੀ ਹਥਿਆਰਾਂ ਦੀ ਪ੍ਰਦਰਸ਼ਨੀ ਬਣੀ ਖਿੱਚ ਦਾ ਕੇਂਦਰ - ਸਿਹਤ ਮੰਤਰੀ

ਵੱਲੋਂ ਡਾ. ਬਲਬੀਰ ਸਿੰਘ ਨੌਜਵਾਨਾਂ ਤੇ ਸਾਬਕਾ ਫ਼ੌਜੀਆਂ ਨੂੰ ਨਸ਼ਿਆਂ ਖਿਲਾਫ ਯੁੱਧ ਲੜਨ ਦਾ ਸੱਦਾ ।

- ਪੰਜਾਬ ਦੇ ਕਰ ਵਿਭਾਗ ਵੱਲੋਂ ਲੁਧਿਆਣਾ ਦਾ ਕਾਰੋਬਾਰੀ 9 ਕਰੋੜ ਰੁਪਏ ਦੇ ਜੀ.ਐਸ.ਟੀ. ਘੁਟਾਲੇ ਵਿੱਚ ਗ੍ਰਿਫ਼ਤਾਰ।

- ਮਰਦਾਂ ਦੇ ICC twenty-twenty ਕ੍ਰਿਕੇਟ ਵਿਸ਼ਵ ਕੱਪ ਵਿੱਚ, ਅੱਜ ਦਿੱਲੀ 'ਚ, ਭਾਰਤ ਦਾ ਮੁਕਾਬਲਾ ਨਾਮੀਬੀਆ ਨਾਲ ।

**ਹੁਣ ਖਬਰਾਂ ਵਿਸਥਾਰ ਨਾਲ**

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਆਪਣੀ ਨਸ਼ਿਆਂ ਖਿਲਾਫ ਚਲ ਰਹੀ ਪੈਦਲ ਯਾਤਰਾ ਦੇ ਹਿੱਸੇ ਵਜੋਂ ਅੱਜ ਅਬੋਹਰ ਪਹੁੰਚੇ। ਜ਼ਿਲ੍ਹਾ ਅਤੇ ਸਥਾਨਕ ਪ੍ਰਸ਼ਾਸਨ ਸਮੇਤ ਰਾਜਨੀਤਿਕ ਆਗੂਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਰਾਜਪਾਲ ਨੇ ਮੌਜੂਦ ਲੋਕਾਂ ਨੂੰ ਕਦੇ ਵੀ ਨਸ਼ਿਆਂ ਦੀ ਵਰਤੋਂ ਨਾ ਕਰਨ ਅਤੇ ਨਸ਼ਿਆਂ ਖ਼ਿਲਾਫ਼ ਲੜਾਈ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ ਦਾ ਅਹਿਦ ਦਿਵਾਇਆ। ਆਪਣੇ ਸੰਬੋਧਨ ਵਿੱਚ ਰਾਜਪਾਲ ਨੇ ਕਿਹਾ ਕਿ ਅੱਜ ਸਾਨੂੰ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਇਕੱਠੇ ਹੋ ਕੇ ਕੰਮ ਕਰਨ ਦੀ ਲੋੜ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ੇ ਸਿਰਫ਼ ਵਿਅਕਤੀ ਹੀ ਨਹੀਂ, ਸਗੋਂ ਪੂਰੇ

ਸਮਾਜ ਨੂੰ ਨੁਕਸਾਨ ਪਹੁੰਚਾਉਂਦੇ ਹਨ ਅਤੇ ਇਸ ਬੁਰਾਈ ਨੂੰ ਖਤਮ ਕਰਨ ਲਈ ਸਾਂਝੇ ਯਤਨ ਬਹੁਤ ਜ਼ਰੂਰੀ ਨੇ ।

BYTE

ਰਾਜਪਾਲ ਨੇ ਦੱਸਿਆ ਕਿ ਗੁਆਂਢੀ ਦੇਸ਼ ਡਰੋਨਾਂ ਰਾਹੀਂ ਨਸ਼ਿਆਂ ਦੀ ਸਪਲਾਈ ਕਰਕੇ ਨੌਜਵਾਨ ਪੀੜ੍ਹੀ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੇ ਨੇ ਪਰ ਸਰਕਾਰ, ਡਰੋਨ ਵਿਰੋਧੀ ਪ੍ਰਣਾਲੀਆਂ ਲਾਗੂ ਕਰਕੇ ਇਸ ਸਾਜ਼ਿਸ਼ ਨੂੰ ਨਾਕਾਮ ਬਣਾ ਰਹੀ ਏ ।

BYTE

ਰੇਲਵੇ ਸਟੇਸ਼ਨ ਤੋਂ ਸ਼ੁਰੂ ਹੋਈ ਇਹ ਪੈਦਲ ਯਾਤਰਾ ਅਬੋਹਰ ਦੇ ਡੀ.ਏ.ਵੀ ਕਾਲਜ ਵਿਖੇ ਸਮਾਪਤ ਹੋਈ। ਇਸ ਮੌਕੇ ਜ਼ਿਲ੍ਹੇ ਦੇ ਐਸ.ਐਸ.ਪੀ ਗੁਰਮੀਤ ਸਿੰਘ, ਅਬੋਹਰ ਦੇ ਵਿਧਾਇਕ ਸੰਦੀਪ ਜਾਖੜ, ਬੱਲੂਆਣਾ BJP ਆਗੂ ਵੰਦਨਾ ਸੰਗਵਾਲ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

---------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਦਾ ਅਧਿਕਾਰਤ ਲੋਗੋ ਜਾਰੀ ਕੀਤਾ । ਅੱਜ ਚੰਡੀਗੜ੍ਹ

ਵਿਖੇ ਹੋਈ ਇੱਕ ਉੱਚ-ਪੱਧਰੀ ਮੀਟਿੰਗ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਸੰਮੇਲਨ ਭਾਈਵਾਲੀ, ਸਹਿ-ਰਚਨਾ ਅਤੇ ਲਾਗੂਕਰਨ ਲਈ ਇੱਕ ਮੰਚ ਵਜੋਂ ਕੰਮ ਕਰੇਗਾ ਅਤੇ ਇਹ ਯਕੀਨੀ ਬਣਾਏਗਾ ਕਿ ਨੀਤੀਆਂ ਉਦਯੋਗਾਂ ਨਾਲ ਸਲਾਹ-ਮਸ਼ਵਰਾ ਕਰਕੇ ਬਣਾਈਆਂ ਜਾਣ ਅਤੇ ਨਿਰਧਾਰਤ ਸਮਾਂ-ਹੱਦ ਤੇ ਡਿਜੀਟਲ ਜਵਾਬਦੇਹੀ ਵਿਧੀਆਂ ਰਾਹੀਂ ਲਾਗੂ ਕੀਤੀਆਂ ਜਾਣ। ਉਨ੍ਹਾਂ ਕਿਹਾ ਸੂਬੇ ਨੂੰ ਲਗਭਗ ਡੇਢ  ਲੱਖ ਕਰੋੜ ਦੀ ਨਿਵੇਸ਼ ਤਜਵੀਜ਼ ਪ੍ਰਾਪਤ ਹੋ ਏ ਅਤੇ 5 ਲੱਖ ਤੋਂ ਵੱਧ ਵਿਅਕਤੀਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਏ ਨੇ । ਮੀਟਿੰਗ ਵਿੱਚ ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ, ਪੰਜਾਬ ਦੇ ਮੁੱਖ ਮੁੱਖ ਸਕੱਤਰ, ਸੀਨੀਅਰ ਸਰਕਾਰੀ ਅਧਿਕਾਰੀ ਅਤੇ ਇਨਵੈਸਟ ਪੰਜਾਬ ਦੇ ਨੁਮਾਇੰਦੇ ਸ਼ਾਮਲ ਸਨ। ਸੰਮੇਲਨ ਦੀਆਂ ਤਿਆਰੀਆਂ ਨਾਲ ਜੁੜੇ ਸਾਰੇ ਮੁੱਖ ਵਿਭਾਗ ਵੀ ਸਮੀਖਿਆ ਮੀਟਿੰਗ ਦੌਰਾਨ ਮੌਜੂਦ ਸਨ। ਜ਼ਿਕਰਯੋਗ ਏ ਕਿ ਇਹ ਸੰਮੇਲਨ 13 ਤੋਂ 15 ਮਾਰਚ 2026 ਨੂੰ ਮੋਹਾਲੀ ਵਿਖੇ ਕਰਵਾਇਆ ਜਾਵੇਗਾ ਅਤੇ ਇਹ 'ਪੰਜਾਬ ਮੀਨਜ਼ ਬਿਜ਼ਨਸ – ਪਾਲਿਸੀ ਟੂ ਪ੍ਰੈਕਟਿਸ' ਥੀਮ 'ਤੇ ਕੇਂਦਰਿਤ ਏ । ਇਹ ਥੀਮ ਨੀਤੀ  ਢਾਂਚਾਗਤ ਲਾਗੂਕਰਨ, ਟੀਚਾਗਤ ਨਤੀਜਿਆਂ ਅਤੇ ਨਿਵੇਸ਼ਕ-ਕੇਂਦ੍ਰਿਤ ਪ੍ਰਸ਼ਾਸਨ ਵੱਲ ਵਧਣ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਏ । ਲੋਗੋ ਪੰਜਾਬ ਦੀ ਆਰਥਿਕ ਤਾਕਤ, ਤਕਨੀਕੀ ਪ੍ਰਗਤੀ, ਸਥਿਰਤਾ ਅਤੇ

ਵਿਕਾਸ ਦੀ ਗਤੀ ਨੂੰ ਦਰਸਾਉਂਦਾ ਏ । ਇਸ ਡਿਜ਼ਾਈਨ ਵਿੱਚ ਉਦਯੋਗਿਕ ਵਿਸਥਾਰ, ਡਿਜੀਟਲ ਪ੍ਰਸ਼ਾਸਨਿਕ ਸੁਧਾਰ, ਸਮੁੱਚਾ ਵਿਕਾਸ ਅਤੇ ਲਚਕੀਲਾਪਣ ਸ਼ਾਮਲ ਹੈ, ਜੋ ਪੰਜਾਬ ਦੇ ਇੱਕ ਪ੍ਰਗਤੀਸ਼ੀਲ, ਸੁਧਾਰ-ਸੰਚਾਲਿਤ ਅਤੇ ਨਿਵੇਸ਼ ਪੱਖੀ ਮਾਹੌਲ ਨੂੰ ਦਰਸਾਉਂਦਾ ਏ । ਵਣਜ ਮੰਤਰੀ ਨੇ ਮੁੱਖ ਮੰਤਰੀ ਨੂੰ ਸੰਮੇਲਨ ਦੀਆਂ ਤਿਆਰੀਆਂ ਦੀ ਪ੍ਰਗਤੀ ਬਾਰੇ ਜਾਣੂ ਕਰਵਾਇਆ, ਜਿਸ ਵਿੱਚ ਆਊਟਰੀਚ ਗਤੀਵਿਧੀਆਂ, ਬੁਨਿਆਦੀ ਢਾਂਚੇ ਸਬੰਧੀ ਤਿਆਰੀਆਂ, ਭਾਈਵਾਲ ਦੇਸ਼ਾਂ ਨਾਲ ਤਾਲਮੇਲ ਅਤੇ ਵਿਭਾਗੀ ਤਿਆਰੀਆਂ ਸ਼ਾਮਲ ਹਨ। ਇਸ ਤਿੰਨ ਦਿਨਾਂ ਸਮਾਗਮ ਦੇ ਨਿਰਵਿਘਨ ਅਮਲ ਨੂੰ ਯਕੀਨੀ ਬਣਾਉਣ ਲਈ ਸਥਾਨ ਅਤੇ ਮੁੱਖ ਲੌਜਿਸਟਿਕਲ ਤਿਆਰੀਆਂ ਦੀ ਵਿਆਪਕ ਸਮੀਖਿਆ ਕੀਤੀ ਗਈ।

-----------------------------------------------------------------------------

ਪਟਿਆਲਾ ਵਿਰਾਸਤੀ ਉਤਸਵ 2026 ਤਹਿਤ ਤਹਿਤ ਪਟਿਆਲਾ ਦੇ ਖ਼ਾਲਸਾ ਕਾਲਜ ਵਿਖੇ ਚੌਥੇ ਮਿਲਟਰੀ ਲਿਟਰੇਚਰ ਫੈਸਟੀਵਲ ਅੱਜ ਸ਼ੁਰੂ ਹੋਇਆ । ਮੇਲੇ ਦਾ ਉਦਘਾਟਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਨੌਜਵਾਨਾਂ ਤੇ ਸਾਬਕਾ ਫ਼ੌਜੀਆਂ ਨੂੰ ਸੱਦਾ ਦਿੱਤਾ ਕਿ ਉਹ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਅਰੰਭੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਚ ਸ਼ਾਮਲ ਹੋਕੇ ਨਸ਼ਿਆਂ ਵਿਰੁੱਧ ਯੁੱਧ ਲੜਨ। ਉਨ੍ਹਾਂ

ਕਿਹਾ ਕਿ ਜੰਗੀ ਨਾਇਕਾਂ ਤੇ ਵੀਰ ਨਾਰੀਆਂ ਨਸ਼ਿਆਂ ਵਿਰੁੱਧ ਵੀ ਸਾਡੇ ਹੀਰੋ ਬਣਨ। ਸਿਹਤ ਮੰਤਰੀ ਨੇ ਕਿਹਾ ਕਿ ਅਜਿਹੇ ਫ਼ੌਜੀ ਮੇਲਿਆਂ 'ਚ ਵੱਡੀ ਗਿਣਤੀ ਚ ਆਏ ਬੱਚੇ ਤੇ ਨੌਜਵਾਨਾਂ ਦਾ ਇਕੱਠ, ਓਹਨਾ ਦੀ ਇਸ ਪਾਸੇ ਦਿਲਚਸਪੀ ਨੂੰ ਦਰਸਾਉਂਦਾ ਏ।  ਸਿਹਤ ਮੰਤਰੀ ਨੇ ਦੱਸਿਆ ਕਿ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਫ਼ੌਜ ਤੇ ਫ਼ੌਜੀ ਇਤਿਹਾਸ ਦੇ ਗੌਰਵ ਬਾਰੇ ਜਾਣੂ ਕਰਵਾਉਣ ਲਈ ਅਜਿਹੇ ਮੇਲੇ ਕਰਵਾਏ ਜਾ ਰਹੇ ਨੇ, ਜਿਸ ਲਈ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਤੇ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਵਧਾਈ ਦੇ ਪਾਤਰ ਹਨ।  ਡਾ. ਬਲਬੀਰ ਸਿੰਘ ਨੇ ਕਿਹਾ।

BYTE

ਜ਼ਿਲ੍ਹੇ ਦੇ ਵੱਖ-ਵੱਖ ਫ਼ੌਜੀ ਉਪਰੇਸ਼ਨਾਂ 'ਚ ਸ਼ਹੀਦ ਹੋਏ ਸੈਨਿਕਾਂ ਦੀਆਂ 5 ਵੀਰ ਨਾਰੀਆਂ ਨੂੰ ਸਨਮਾਨਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸ਼ਹੀਦ ਹੋਣ ਵਾਲਿਆਂ ਦੇ ਪਰਿਵਾਰਾਂ ਲਈ ਸਨਮਾਨ ਰਾਸ਼ੀ 1 ਕਰੋੜ ਰੁਪਏ ਕਰ ਦਿੱਤੀ ਏ। ਇਸ ਮੌਕੇ ਪੋਲੋ ਗਰਾਊਂਡ ਤੋਂ ਬ੍ਰੇਵ-ਹਾਰਟ ਮੋਟਰਸਾਈਕਲ ਰੈਲੀ ਵੀ ਕੱਢੀ ਗਈ। ਇਹ ਮਿਲਟਰੀ ਲਿਟਰੇਚਰ ਮੇਲਾ, ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਚੇਅਰਮੈਨ ਲੈਫਟੀਨੈਂਟ ਜਨਰਲ ਟੀ.ਐਸ. ਸ਼ੇਰਗਿੱਲ, ਸੇਵਾਮੁਕਤ ਲੈਫਟੀਨੈਂਟ ਜਨਰਲ ਚੇਤਿੰਦਰ ਸਿੰਘ, ਮੇਜਰ ਜਨਰਲ ਏ.ਪੀ. ਸਿੰਘ ਅਤੇ

ਬ੍ਰਿਗੇਡੀਅਰ ਅਦਵਿੱਤਿਆ ਮਦਾਨ  ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਏ। ਲੈਫਟੀਨੈਂਟ ਜਨਰਲ ਚੇਤਿੰਦਰ ਸਿੰਘ ਨੇ ਕਿਹਾ ਕਿ ਇਸ ਤਰਾਂ ਦੇ ਸਮਾਰੋਹ ਕਰਾਉਣਾ ਸ਼ਲਾਘਾਯੋਗ ਉਪਰਾਲਾ ਏ।   ਖ਼ਾਲਸਾ ਕਾਲਜ ਵਿਖੇ ਜੋਸ਼, ਜਜ਼ਬੇ ਅਤੇ ਬਹਾਦਰੀ ਦਾ ਵਰਨਣ, ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ, ਬੈਂਡ ਡਿਸਪਲੇ, ਵਾਈ.ਪੀ.ਐਸ. ਸਕੂਲੀ ਵਿਦਿਆਰਥੀਆਂ ਦਾ ਘੋੜਸਵਾਰੀ ਸ਼ੋਅ, ਗਤਕਾ, ਪੁਰਾਤਨ ਵਸਤਾਂ ਤੇ ਦੁਰਲੱਭ ਡਾਕ ਟਿਕਟਾਂ ਦੀ ਪ੍ਰਦਰਸ਼ਨੀ ਸਮੇਤ ਫ਼ੌਜ, ਆਈ.ਟੀ.ਬੀ.ਪੀ ਅਤੇ ਪੁਲਿਸ ਭਰਤੀ ਬਾਰੇ ਕਾਉਂਸਲਿੰਗ ਅਤੇ ਫ਼ੂਡ ਕੋਰਟ ਵੀ ਸਥਾਪਤ ਕੀਤੇ ਗਏ ਨੇ।  ਫ਼ੌਜੀ ਟੈਂਕਾਂ ਤੇ ਜੰਗੀ ਸਾਜ਼ੋ-ਸਾਮਾਨ ਦੀ ਪ੍ਰਦਰਸ਼ਨੀ ਅਗਲੇ ਦਿਨ ਕੱਲ 13 ਫਰਵਰੀ ਨੂੰ ਵੀ ਖ਼ਾਲਸਾ ਕਾਲਜ ਵਿਖੇ ਜਾਰੀ ਰਹੇਗੀ।

-----------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਲੁਧਿਆਣਾ ਦੇ ਇੱਕ ਕਾਰੋਬਾਰੀ ਨੂੰ 9 ਕਰੋੜ ਰੁਪਏ ਦੇ ਜੀ.ਐਸ.ਟੀ. ਘੁਟਾਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਏ , ਜਦਕਿ ਇੱਕ ਆਬਕਾਰੀ ਤੇ ਕਰ ਇੰਸਪੈਕਟਰ ਨੂੰ ਲੰਬੇ ਸਮੇਂ ਤੋਂ ਬਿਨਾਂ ਦੱਸੇ ਗੈਰ-ਹਾਜ਼ਰ ਰਹਿਣ ਕਾਰਨ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਏ। ਚੰਡੀਗੜ੍ਹ ਚ

ਜਾਰੀ ਪ੍ਰੈਸ ਬਿਆਨ ਰਾਹੀਂ ਵਿੱਤ ਮੰਤਰੀ ਨੇ ਦੱਸਿਆ ਕਿ ਲੁਧਿਆਣਾ ਦੀ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ ਵੱਲੋਂ ਕੀਤੀ ਗਈ ਇੱਕ ਵੱਡੀ ਕਾਰਵਾਈ ਦੌਰਾਨ ਕਰ ਵਿਭਾਗ ਨੇ ਮੈਸਰਜ਼ ਐਮ.ਏ.ਏ ਸਟੀਲ ਦੇ ਮਾਲਕ ਰੋਹਿਤ ਗੁਪਤਾ ਨੂੰ ਗ੍ਰਿਫ਼ਤਾਰ ਕੀਤਾ ਏ। ਉਨ੍ਹਾਂ ਕਿਹਾ ਕਿ ਕਰ ਵਿਭਾਗ ਨੇ ਇੱਕ ਵੱਡੇ ਜੀ.ਐਸ.ਟੀ. ਘੁਟਾਲੇ ਦਾ ਪਰਦਾਫਾਸ਼ ਕੀਤਾ ਏ । ਇਸ ਧੋਖਾਧੜੀ ਵਾਲੇ ਨੈੱਟਵਰਕ ਰਾਹੀਂ 9 ਕਰੋੜ ਰੁਪਏ ਤੋਂ ਵੱਧ ਦਾ ਇਨਪੁਟ ਟੈਕਸ ਕ੍ਰੈਡਿਟ ਵੱਖ-ਵੱਖ ਲਾਭਪਾਤਰੀਆਂ ਨੂੰ ਦਿੱਤਾ ਗਿਆ, ਜਿਸ ਨਾਲ ਸਰਕਾਰੀ ਖਜ਼ਾਨੇ ਨੂੰ ਸਿੱਧਾ ਅਤੇ ਵੱਡਾ ਨੁਕਸਾਨ ਹੋਇਆ। ਛਾਪੇਮਾਰੀ ਦੌਰਾਨ ਵਿਭਾਗ ਦੀਆਂ ਟੀਮਾਂ ਨੇ ਮੌਕੇ 'ਤੇ ਮੌਜੂਦ ਸਟਾਕ ਅਤੇ ਫਰਮ ਦੇ ਅਧਿਕਾਰਤ ਬੁੱਕ ਰਿਕਾਰਡ ਵਿੱਚ ਵੀ ਵੱਡਾ ਫਰਕ ਪਾਇਆ ਏ। ਵਿੱਤ ਮੰਤਰੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਜਾਂਚ ਦਾ ਘੇਰਾ ਹੋਰ ਵਧਾਇਆ ਜਾ ਰਿਹਾ ਏ। ਇਸੇ ਦੌਰਾਨ ਅੰਦਰੂਨੀ ਪ੍ਰਬੰਧਕੀ ਅਨੁਸ਼ਾਸਨ ਬਾਰੇ ਗੱਲ ਕਰਦਿਆਂ ਵਿੱਤ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਨੇ ਇੱਕ ਆਬਕਾਰੀ ਤੇ ਕਰ ਇੰਸਪੈਕਟਰ ਨੂੰ ਲੰਬੇ ਸਮੇਂ ਤੋਂ ਗੈਰ-ਹਾਜ਼ਰ ਰਹਿਣ ਕਾਰਨ ਪੰਜਾਬ ਸਿਵਲ ਸਰਵਿਸਿਜ਼ (ਸਜ਼ਾ ਅਤੇ ਅਪੀਲ) ਨਿਯਮ, 1970 ਤਹਿਤ ਤੁਰੰਤ ਪ੍ਰਭਾਵ ਨਾਲ ਬਰਖਾਸਤ ਕਰ ਦਿੱਤਾ ਏ। ਇੱਕ ਹੋਰ ਆਬਕਾਰੀ ਤੇ ਕਰ ਇੰਸਪੈਕਟਰ ਅਤੇ ਇੱਕ ਕਲਰਕ ਵਿਰੁੱਧ ਅਨੁਸ਼ਾਸਨੀ ਕਾਰਵਾਈ ਜਾਰੀ ਏ।

--------------------------------------------------------------------------------

ਆਕਾਸ਼ਵਾਣੀ ਦੇ ਪਟਿਆਲਾ ਕੇਂਦਰ ਨੇ ਅੱਜ ਦੂਰਦਰਸ਼ਨ ਸਟੂਡੀਓ ਵਿੱਚ ਰੇਡੀਓ ਕਿਸਾਨ ਦਿਵਸ ਦੇ ਸਿਲਸਿਲੇ 'ਚ ਇੱਕ ਸੱਭਿਆਚਾਰਕ ਸਮਾਰੋਹ ਦਾ ਆਯੋਜਨ ਕੀਤਾ। ਇਹ ਸਮਾਰੋਹ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਵਲੋਂ ਪ੍ਰਯੋਜਿਤ ਕੀਤਾ ਗਿਆ ਸੀ। ਇਸ ਸਮਾਰੋਹ ਵਿੱਚ ਕਈ ਪ੍ਰਗਤੀਸ਼ੀਲ ਕਿਸਾਨ, ਖੇਤੀਬਾੜੀ ਅਧਿਕਾਰੀ ਅਤੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਅਤੇ ਹੋਰ ਵਿਭਾਗਾਂ ਦੇ ਖੇਤੀਬਾੜੀ ਮਾਹਿਰ ਸ਼ਾਮਲ ਹੋਏ। ਇਸ ਮੌਕੇ ਸ਼ਿਰਕਤ ਕਰਦਿਆਂ ਡਿਪਟੀ ਡਾਇਰੈਕਟਰ ਜਨਰਲ (ਇੰਜੀਨੀਅਰਿੰਗ) ਰਣਜੀਤ ਮੀਣਾ ਨੇ ਕਿਹਾ ਕਿ ਆਕਾਸ਼ਵਾਣੀ, ਕਿਸਾਨਾਂ ਨੂੰ ਖੇਤੀਬਾੜੀ ਵਿੱਚ ਵਿਗਿਆਨਕ ਤਕਨੀਕਾਂ ਬਾਰੇ ਜਾਣਕਾਰੀ ਦੇ ਕੇ ਉਨ੍ਹਾਂ ਦੀ ਸੇਵਾ ਕਰਦੀ ਰਹੀ ਏ। ਉਨ੍ਹਾਂ ਨੇ ਪਿਛਲੇ ਸਮੇਂ ਵਿੱਚ ਹਰੀ ਕ੍ਰਾਂਤੀ ਵਿੱਚ ਰੇਡੀਓ ਦੀ ਭੂਮਿਕਾ ਦਾ ਜਿਕਰ ਕੀਤਾ। ਆਕਾਸ਼ਵਾਣੀ ਪਟਿਆਲਾ ਦੇ ਪ੍ਰੋਗਰਾਮ ਮੁਖੀ ਮੁਹੰਮਦ ਇਮਤਿਆਜ਼ ਨੇ ਕਿਹਾ ਕਿ ਆਕਾਸ਼ਵਾਣੀ ਕਿਸਾਨਾਂ ਨੂੰ ਖੇਤੀਬਾੜੀ ਮਾਹਿਰਾਂ ਨਾਲ ਜੋੜ ਕੇ ਉਨ੍ਹਾਂ ਦੀ ਖੁਸ਼ਹਾਲੀ ਲਈ ਯਤਨਸ਼ੀਲ ਏ। ਆਕਾਸ਼ਵਾਣੀ ਜਲੰਧਰ ਤੋਂ ਪ੍ਰੋਗਰਾਮ ਕਾਰਜਕਾਰੀ ਸੋਹਨ ਕੁਮਾਰ, ਆਕਾਸ਼ਵਾਣੀ ਪਟਿਆਲਾ ਸੁਕੀਨ ਮੁਹੰਮਦ ਅਤੇ ਸੀਨੀਅਰ ਇੰਜੀਨੀਅਰਿੰਗ ਸਹਾਇਕ ਪ੍ਰਦੀਪ ਪੁਨੀਆ ਵੀ ਇਸ ਸਮਾਗਮ ਵਿੱਚ

ਮੌਜੂਦ ਰਹੇ। ਇਸ ਮੌਕੇ ਉਘੇ ਨਾਟਕਕਾਰ ਡਾ. ਸਤੀਸ਼ ਕੁਮਾਰ ਵਰਮਾ ਵਲੋਂ ਲਿਖਿਆ ਰੇ ਪੇਂਡੂ ਜੀਵਨ ਨੂੰ ਸਮਾਜਿਕ ਏਕਤਾ ਦਾ ਸੁਨੇਹਾ ਦਿੰਦਾ ਪੰਜਾਬੀ ਨਾਟਕ, 'ਪਰਤ ਆਉਣ ਤੱਕ' ਮੋਹਨ ਕੰਬੋਜ ਅਤੇ ਹੋਰ ਨਾਟਕ ਕਲਾਕਾਰਾਂ ਵਲੋਂ ਪੇਸ਼ ਕੀਤਾ ਗਿਆ । ਸਵਰਨ ਯਮਲਾ ਦੀ ਆਕਾਸ਼ਵਾਣੀ ਦੀ ਪਾਰਟੀ ਨੇ ਲੋਕ ਸੰਗੀਤ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ।      ਪੇਸ਼ ਨੇ ਕੁਝ ਅੰਸ਼

BYTE

ਪ੍ਰੋਗਰਾਮ ਦੀ ਰਿਕਾਰਡਿੰਗ ਆਕਾਸ਼ਵਾਣੀ ਪਟਿਆਲਾ ਦੀ ਐਫ.ਐਮ 100.2 ਮੈਗਾਹਰਟਜ਼ ਅਤੇ ਮੋਬਾਈਲ ਐਪ ਨਿਊਜ਼ ਆਨ ਏਅਰ 'ਤੇ 15 ਫਰਵਰੀ ਨੂੰ ਕਿਸਾਨਵਾਣੀ ਪ੍ਰੋਗਰਾਮ ਦੌਰਾਨ ਪ੍ਰਸਾਰਿਤ ਕੀਤੀ ਜਾਵੇਗੀ।

ਰੇਡੀਓ ਕਿਸਾਨ ਦਿਵਸ ਹਰ ਸਾਲ 15 ਫਰਵਰੀ ਨੂੰ ਜਾਂ ਇਸ ਦੇ ਆਸ-ਪਾਸ ਪੂਰੇ ਭਾਰਤ ਵਿੱਚ ਮਨਾਇਆ ਜਾਂਦਾ ਏ । ਤਾਂ ਜੋ ਆਕਾਸ਼ਵਾਣੀ ਅਤੇ ਕਿਸਾਨ ਭਾਈਚਾਰੇ ਵਿਚਕਾਰ ਇੱਕ ਸਬੰਧ ਬਣਾਇਆ ਜਾ ਸਕੇ।

---------------------------------------------------------------------------

ਦਿਵੀਆਂਗ  ਵਿਅਕਤੀਆਂ ਦੀ ਕਲਾ ਤੇ ਹੁਨਰ ਨੂੰ ਉਤਸ਼ਾਹਿਤ ਕਰਨ ਲਈ ਚੰਡੀਗੜ੍ਹ ਵਿਚ 13 ਤੋਂ 21 ਫਰਵਰੀ "ਦਿਵਿਆ ਕਲਾ ਮੇਲਾ ਕਰਵਾਇਆ ਜਾਵੇਗਾ । ਅੱਜ ਚੰਡੀਗੜ੍ਹ ਸਥਿਤ ਯੂਟੀ ਗੈਸਟ ਹਾਊਸ

ਵਿਖੇ ਇਸ ਸਬੰਧੀ ਇੱਕ ਪ੍ਰੈਸ ਕਾਨਫਰੰਸ  ਕੀਤੀ ਗਈ । ਇਸ ਪ੍ਰੈਸ ਕਾਨਫਰੰਸ ਦੀ ਪ੍ਰਧਾਨਗੀ ਰਾਸ਼ਟਰੀ ਦਿਵੀਆਂਗਤਾ ਵਿੱਤ ਅਤੇ ਵਿਕਾਸ ਨਿਗਮ  ਦੇ ਚੇਅਰਮੈਨ-ਕਮ-ਪ੍ਰਬੰਧ ਨਿਰਦੇਸ਼ਕ  ਅਨਿਲ ਕੁਮਾਰ ਨੇ ਦਸਿਆ ਕਿ 13 ਤੋਂ 21 ਫਰਵਰੀ ਤੱਕ ਸੈਕਟਰ 34 ਸਥਿਤ ਗਰਾਊਂਡ ਵਿਖੇ ਹੋਣ ਵਾਲੇ ਦਿਵਿਆ ਕਲਾ ਮੇਲੇ ਚ ਲਗਭਗ 20 ਰਾਜਾਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਲਗਭਗ 100 ਦਿਵੀਆਂਗ ਕਾਰੀਗਰਾਂ ਅਤੇ ਉੱਦਮੀਆਂ ਨੂੰ ਆਪਣੇ ਉਤਪਾਦਾਂ ਦਾ ਪ੍ਰਦਰਸ਼ਨ ਕਰਨ, ਸਮਾਵੇਸ਼ੀ ਉੱਦਮਤਾ ਨੂੰ ਉਤਸ਼ਾਹਿਤ ਕਰਨ ਅਤੇ  ਰੋਜ਼ੀ-ਰੋਟੀ ਦੇ ਮੌਕੇ ਪੈਦਾ ਕਰਨ ਲਈ ਇੱਕ ਰਾਸ਼ਟਰੀ ਮੰਚ ਪ੍ਰਦਾਨ ਕੀਤਾ ਜਾਵੇਗਾ । ਇਹ ਮੇਲਾ ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਦੇ ਦਿਵੀਆਂਗ ਵਿਅਕਤੀਆਂ ਦੇ ਸਸ਼ਕਤੀਕਰਨ ਵਿਭਾਗ  ਵਲੋਂ ਆਯੋਜਿਤ ਕੀਤਾ ਜਾ ਰਿਹਾ ਏ ।

---------------------------------------------------------------------------

ਮਰਦਾਂ ਦੇ ICC twenty-twenty ਕ੍ਰਿਕੇਟ ਵਿਸ਼ਵ ਕੱਪ ਵਿੱਚ, ਅੱਜ ਭਾਰਤ ਦਾ ਮੁਕਾਬਲਾ ਨਾਮੀਬੀਆ ਨਾਲ ਹੋਵੇਗਾ। ਇਹ ਮੈਚ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ ਸ਼ਾਮੀਂ 7 ਵਜੇ ਸ਼ੁਰੂ ਹੋਵੇਗਾ।  ਓਧਰ FIH ਪ੍ਰੋ ਲੀਗ ਹਾਕੀ ਵਿੱਚ, ਅੱਜ ਰਾਉਰਕੇਲਾ ਦੇ ਬਿਰਸਾ ਮੁੰਡਾ ਹਾਕੀ

ਸਟੇਡੀਅਮ ਵਿੱਚ, ਭਾਰਤ ਦਾ ਮੁਕਾਬਲਾ  ਅਰਜਨਟੀਨਾ ਨਾਲ ਹੋਵੇਗਾ। ਇਹ ਮੈਚ ਵੀ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

-------------------------------------------------------------------------------

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਹੇਠ ਅਬੋਹਰ ਵਿੱਚ ਨਸ਼ਾ ਵਿਰੋਧੀ ਪੈਦਲ ਮਾਰਚ- ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਲੜਾਈ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ ਦਾ ਅਹਿਦ ਦਿਵਾਇਆ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦਾ ਲੋਗੋ ਜਾਰੀ -ਸਮੁੱਚੇ ਵਿਕਾਸ ਲਈ ਸੁਧਾਰਾਂ 'ਤੇ ਕੀਤਾ ਜਾਵੇਗਾ ਧਿਆਨ ਕੇਂਦਰਤ।

- ਚੌਥੇ ਪਟਿਆਲਾ ਮਿਲਟਰੀ ਲਿਟਰੇਚਰ ਫੈਸਟੀਵਲ 'ਚ ਜੰਗੀ ਹਥਿਆਰਾਂ ਦੀ ਪ੍ਰਦਰਸ਼ਨੀ ਬਣੀ ਖਿੱਚ ਦਾ ਕੇਂਦਰ - ਸਿਹਤ ਮੰਤਰੀ ਵੱਲੋਂ ਡਾ. ਬਲਬੀਰ ਸਿੰਘ ਨੌਜਵਾਨਾਂ ਤੇ ਸਾਬਕਾ ਫ਼ੌਜੀਆਂ ਨੂੰ ਨਸ਼ਿਆਂ ਖਿਲਾਫ ਯੁੱਧ ਲੜਨ ਦਾ ਸੱਦਾ ।

- ਪੰਜਾਬ ਦੇ ਕਰ ਵਿਭਾਗ ਵੱਲੋਂ ਲੁਧਿਆਣਾ ਦਾ ਕਾਰੋਬਾਰੀ 9 ਕਰੋੜ ਰੁਪਏ ਦੇ ਜੀ.ਐਸ.ਟੀ. ਘੁਟਾਲੇ ਵਿੱਚ ਗ੍ਰਿਫ਼ਤਾਰ।

- ਮਰਦਾਂ ਦੇ ICC twenty-twenty ਕ੍ਰਿਕੇਟ ਵਿਸ਼ਵ ਕੱਪ ਵਿੱਚ, ਅੱਜ ਦਿੱਲੀ 'ਚ, ਭਾਰਤ ਦਾ ਮੁਕਾਬਲਾ ਨਾਮੀਬੀਆ ਨਾਲ ।

---

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**